# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 09-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ, ਕਿ ਸਰਕਾਰ ਦਾ ਟੀਚਾ ਆਪਣੇ ਤੀਜੇ ਕਾਰਜਕਾਲ ਵਿੱਚ ਭਾਰਤ ਨੂੰ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਾਉਣਾ ਏ।
- ਜਸਟਿਸ ਸ਼ੀਲ ਨਾਗੂ ਨੇ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ।
- ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ, ਭਲਕੇ ਹੋਣ ਵਾਲੀ ਪੋਲਿੰਗ ਦੀਆਂ ਸਾਰੀਆਂ ਤਿਆਰੀਆਂ ਮੁੱਕਮਲ।
- ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਕਿਸਾਨ, ਝੋਨੇ ਦੀ ਸਿੱਧੀ ਬਿਜਾਈ ਕਰਨ ਵਿਚ ਸੂਬੇ ਭਰ ਵਿਚ ਮੋਹਰੀ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ, ਕਿ ਸਰਕਾਰ ਦਾ ਟੀਚਾ

ਆਪਣੇ ਤੀਜੇ ਕਾਰਜਕਾਲ ਵਿੱਚ, ਭਾਰਤ ਨੂੰ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਾਉਣਾ ਏ । ਰੂਸ ਦੀ ਰਾਜਧਾਨੀ ਮਾਸਕੋ ਵਿੱਚ, ਭਾਰਤੀ ਭਾਈਚਾਰੇ ਨੂੰ ਸੰਬੋਧਨ ਕਰਦੇ ਹੋਏ, ਉਨ੍ਹਾਂ ਕਿਹਾ ਕਿ ਅੱਜ ਦਾ ਭਾਰਤ ਜਿਹੜਾ ਵੀ ਟੀਚਾ ਤੈਅ ਕਰਦਾ ਏ, ਉਸ ਨੂੰ ਹਾਸਲ ਕਰਦਾ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਤੀਜੀ ਵਾਰ ਉਨ੍ਹਾਂ ਦੀ ਸਰਕਾਰ ਬਣਨ ਤੋਂ ਬਾਅਦ, ਭਾਰਤੀ ਪ੍ਰਵਾਸੀਆਂ ਨਾਲ ਇਹ ਉਨ੍ਹਾਂ ਦੀ ਪਹਿਲੀ ਗੱਲਬਾਤ ਏ । ਉਨ੍ਹਾਂ ਕਿਹਾ ਕਿ ਅੱਜ ਭਾਰਤ ਦੁਨੀਆ ਨੂੰ ਡਿਜੀਟਲ ਲੈਣ-ਦੇਣ ਦਾ ਸਭ ਤੋਂ ਭਰੋਸੇਮੰਦ ਮਾਡਲ ਦੇ ਰਿਹਾ ਏ ਅਤੇ ਸਮਾਜਿਕ ਖੇਤਰ ਦੀਆਂ ਸ਼ਾਨਦਾਰ ਨੀਤੀਆਂ ਰਾਹੀਂ, ਆਪਣੇ ਨਾਗਰਿਕਾਂ ਨੂੰ ਤਾਕਤ ਪ੍ਰਦਾਨ ਕਰ ਰਿਹਾ ਏ।

---------------------------------------------------------------

ਰੂਸ ਦੀ ਸੈਨਾ ਵਿੱਚ ਫਸੇ ਭਾਰਤੀ ਨੌਜਵਾਨਾਂ ਨੂੰ ਭਾਰਤ ਵਾਪਸ ਲਿਆਉਣ ਲਈ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ ਰੂਸ ਦੇ ਰਾਸ਼ਟਰਪਤੀ ਪੁਤਿਨ ਨਾਲ ਕੀਤੀ ਗੱਲਬਾਤ ਤੋਂ ਬਾਅਦ, ਰੂਸ ਵਲੋਂ ਭਾਰਤੀਆਂ ਨੂੰ ਵਾਪਸ ਭੇਜਣ ਦੀ ਸਹੂਲਤ ਦੇਣ ਦੇ ਫੈਸਲੇ

ਮਗਰੋਂ, ਨੌਜਵਾਨਾਂ ਦੇ ਪਰਿਵਾਰਾਂ ਵਿਚ ਖ਼ੁਸ਼ੀ ਦੀ ਲਹਿਰ ਏ। ਗੁਰਦਾਸਪੁਰ ਦੇ ਪਿੰਡ ਡੇਹਰੀ-ਵਾਲ ਦਾ ਨੌਜਵਾਨ ਗਗਨਦੀਪ ਸਿੰਘ ਵੀ ਰੂਸ ਦੀ ਸੈਨਾ ਵਿਚ ਫਸਿਆ ਹੋਇਆ ਏ ਅਤੇ ਹੁਣ ਉਸਦੀ ਵਾਪਸੀ ਦੀ ਖਬਰ ਸੁਣ ਕੇ, ਉਸ ਦੇ ਪਰਿਵਾਰ ਵਿੱਚ ਬੇਹੱਦ ਜਸ਼ਨ ਦਾ ਮਾਹੌਲ ਏ। ਉਸਦੇ ਪਿਤਾ ਬਲਵਿੰਦਰ ਸਿੰਘ ਨੇ, ਭਾਰਤ ਸਰਕਾਰ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਗਗਨਦੀਪ ਸਿੰਘ ਬੀਤੀ 24 ਦਿਸੰਬਰ ਨੂੰ ਟੂਰਿਸਟ ਵੀਜੇ ਤੇ ਰੂਸ ਗਿਆ ਸੀ, ਪਰ ਉਸ ਨੂੰ ਜਬਰਦਸਤੀ ਫੌਜ਼ ਵਿਚ ਸ਼ਾਮਲ ਕਰ ਲਿਆ ਗਿਆ।

-----------------------------------------------------

ਪੰਜਾਬ ਦੇ ਰਾਜਪਾਲ ਬਨਵਾਰੀਲਾਲ ਪੁਰੋਹਿਤ ਨੇ ਅੱਜ ਪੰਜਾਬ ਰਾਜ ਭਵਨ ਚੰਡੀਗੜ੍ਹ ਵਿਖੇ ਕਰਵਾਏ ਸਹੁੰ ਚੁੱਕ ਸਮਾਗਮ ਦੌਰਾਨ, ਜਸਟਿਸ ਸ਼ੀਲ ਨਾਗੂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਸਹੁੰ ਚੁਕਾਈ। ਜਸਟਿਸ ਸ਼ੀਲ ਨਾਗੂ, ਮੱਧ ਪ੍ਰਦੇਸ਼ ਹਾਈ ਕੋਰਟ ਦੇ ਕਾਰਜਕਾਰੀ ਚੀਫ਼ ਜਸਟਿਸ ਵਜੋਂ ਵੀ ਸੇਵਾ ਨਿਭਾ ਚੁੱਕੇ ਨੇ। ਇਸ ਸਹੁੰ ਚੁੱਕ ਸਮਾਗਮ ਦਾ ਸੰਚਾਲਨ ਪੰਜਾਬ ਦੇ ਮੁੱਖ ਸਕੱਤਰ ਅਨੁਰਾਗ ਵਰਮਾ

ਨੇ ਕੀਤਾ । ਇਸ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਰਿਆਣਾ ਦੇ ਰਾਜਪਾਲ ਬੰਡਾਰੂ ਦੱਤਾਤ੍ਰੇਅ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਜਸਟਿਸ ਸ਼ੀਲ ਨਾਗੂ ਦੇ ਪਰਿਵਾਰਕ ਮੈਂਬਰ ਅਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸੇਵਾਮੁਕਤ ਅਤੇ ਮੌਜੂਦਾ ਜੱਜ ਵੀ ਮੌਜੂਦ ਰਹੇ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ, ਜਸਟਿਸ ਸ਼ੀਲ ਨਾਗੂ ਦੀ ਨਿਯੁਕਤੀ ਨੂੰ ਕਾਨੂੰਨ ਅਤੇ ਨਿਆਂ ਮੰਤਰਾਲੇ ਵੱਲੋਂ, ਬੀਤੀ 4 ਜੁਲਾਈ ਨੂੰ ਰਸਮੀ ਤੌਰ 'ਤੇ ਨੋਟੀਫਾਈ ਕੀਤਾ ਗਿਆ ਸੀ । ਜਸਟਿਸ ਸ਼ੀਲ ਨਾਗੂ 5 ਅਕਤੂਬਰ, 1987 ਨੂੰ ਵਕੀਲ ਵਜੋਂ ਰਜਿਸਟਰ ਹੋਏ ਅਤੇ ਉਨ੍ਹਾਂ ਜਬਲਪੁਰ ਵਿਖੇ ਮੱਧ ਪ੍ਰਦੇਸ਼ ਦੇ ਹਾਈ ਕੋਰਟ ਵਿੱਚ ਸਿਵਲ ਅਤੇ ਸੰਵਿਧਾਨਕ ਮਾਮਲਿਆਂ ਵਿੱਚ ਪ੍ਰੈਕਟਿਸ ਕੀਤੀ। ਉਹ 27 ਮਈ 2011 ਨੂੰ ਮੱਧ ਪ੍ਰਦੇਸ਼ ਹਾਈ ਕੋਰਟ ਦੇ ਜੱਜ ਵਜੋਂ ਨਿਯੁਕਤ ਹੋਏ ਅਤੇ 23 ਮਈ 2013 ਨੂੰ ਸਥਾਈ ਜੱਜ ਬਣੇ। ਜਸਟਿਸ ਸ਼ੀਲ ਨਾਗੂ ਨੂੰ ਮੱਧ ਪ੍ਰਦੇਸ਼ ਹਾਈ ਕੋਰਟ ਵਿੱਚ ਨਿਆਂ ਪ੍ਰਦਾਨ ਕਰਨ ਦਾ ਵਿਆਪਕ ਤਜ਼ਰਬਾ ਏ।

-----------------------------------------------------------

ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ ਭਲਕੇ 10 ਜੁਲਾਈ ਨੂੰ ਹੋਣ ਵਾਲੀ ਪੋਲਿੰਗ ਲਈ ਸਾਰੀਆਂ ਤਿਆਰੀਆਂ ਮੁੱਕਮਲ ਕਰ ਲਈਆਂ ਗਈਆਂ ਨੇ। ਹਲਕੇ ਦੇ 181 ਪੋਲਿੰਗ ਕੇਂਦਰਾਂ ਲਈ ਪੋਲਿੰਗ ਪਾਰਟੀਆਂ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਤੇ ਹੋਰ ਸਾਮਾਨ ਨਾਲ ਅੱਜ ਰਵਾਨਾ ਕੀਤੀਆਂ ਗਈਆਂ। ਪੋਲਿੰਗ ਭਲਕੇ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਹੋਵੇਗੀ ਅਤੇ ਵੋਟਾਂ ਦੀ ਗਿਣਤੀ 13 ਜੁਲਾਈ ਨੂੰ ਕੀਤੀ ਜਾਵੇਗੀ। ਸਮੁੱਚੇ 181 ਪੋਲਿੰਗ ਬੂਥਾਂ ਦੀ ਵੈਬ-ਕਾਸਟਿੰਗ ਕਰਵਾਈ ਜਾ ਰਹੀ ਏ, ਜਿਸ ਦੇ ਲਈ ਸਾਰੀਆਂ ਪੋਲਿੰਗ ਲੋਕੇਸ਼ਨਾਂ ’ਤੇ 218 ਸੀ.ਸੀ.ਟੀ.ਵੀ. ਕੈਮਰੇ ਲਗਾਏ ਗਏ ਨੇ। ਹਲਕੇ ਵਿਚ ਵੋਟਰਾਂ ਦੀ ਕੁੱਲ ਗਿਣਤੀ ਇਕ ਲੱਖ 71 ਹਜ਼ਾਰ 963 ਏ, ਜਿਸ ਵਿੱਚ 82 ਹਜ਼ਾਰ 326 ਔਰਤ ਅਤੇ 89 ਹਜ਼ਾਰ 629 ਮਰਦ ਵੋਟਰ ਸ਼ਾਮਲ ਨੇ। ਇਸ ਤੋਂ ਇਲਾਵਾ 18-19 ਸਾਲ ਦੇ ਨੌਜਵਾਨ ਵੋਟਰਾਂ ਦੀ ਗਿਣਤੀ 5 ਹਜ਼ਾਰ 5 ਏ ਜਦਕਿ 873 ਦਿਵਿਆਂਗ ਵੋਟਰ ਅਤੇ 85 ਸਾਲ ਤੋਂ ਵੱਧ ਉਮਰ ਦੇ 746 ਵੋਟਰ ਨੇ। ਸਮੁਚੇ ਹਲਕੇ ਵਿਚ

ਸੁਰੱਖਿਆ ਦੇ ਸਖਤ ਇੰਤਜਾਮ ਕੀਤੇ ਗਏ ਨੇ ਅਤੇ ਵਾਧੂ ਗਿਣਤੀ ਵਿਚ ਸੁਰੱਖਿਆ ਬਲਾਂ ਦੀ ਤੈਨਾਤੀ ਕੀਤੀ ਗਈ ਏ। ਇਸ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਮਨੀ ਚੋਣ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਉਣ ਲਈ, ਜ਼ਿਲ੍ਹਾ ਪ੍ਰਸ਼ਾਸਨ ਨੇ ਪੁਖ਼ਤਾ ਪ੍ਰਬੰਧ ਕੀਤੇ ਨੇ। ਵੋਟਰਾਂ ਨੂੰ ਵੋਟਿੰਗ ਦਾ ਵਧੀਆ ਤਜ਼ਰਬਾ ਦੇਣ ਲਈ, ਹਲਕੇ ਵਿੱਚ 10 ਮਾਡਲ ਪੋਲਿੰਗ ਬੂਥ ਤਿਆਰ ਕੀਤੇ ਗਏ ਨੇ। ਇਸ ਤੋਂ ਇਲਾਵਾ ਇਕ ਪੋਲਿੰਗ ਬੂਥ ਦਾ ਸੰਚਾਲਨ ਸਿਰਫ਼ ਮਹਿਲਾ ਸਟਾਫ਼ ਵੱਲੋਂ ਕੀਤਾ ਜਾਵੇਗਾ। ਪੋਲਿੰਗ ਬੂਥਾਂ ’ਤੇ 96 ਮਾਈਕਰੋ ਆਬਜ਼ਰਵਰ ਵੀ ਤਾਇਨਾਤ ਕੀਤੇ ਜਾਣਗੇ। ਡਾ. ਅਗਰਵਾਲ ਨੇ ਦੱਸਿਆ ਕਿ ਵੋਟਰਾਂ ਦੀ ਸੁਵਿਧਾ ਲਈ ਸਮੁੱਚੇ ਪੋਲਿੰਗ ਬੂਥਾਂ ’ਤੇ ਸਾਰੀਆਂ ਬੁਨਿਆਦੀ ਸਹੂਲਤਾਂ ਯਕੀਨੀ ਬਣਾਉਣ ਤੋਂ ਇਲਾਵਾ ਗਰਮੀ ਦੇ ਮੱਦੇਨਜ਼ਰ ਪੀਣ ਵਾਲਾ ਪਾਣੀ, ਛਾਂ, ਸ਼ਾਮਿਆਨੇ, ਛਬੀਲ ਦੀ ਵਿਵਸਥਾ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਦਿਵਿਆਂਗ ਅਤੇ ਸੀਨੀਅਰ ਸਿਟੀਜ਼ਨ ਵੋਟਰਾਂ ਲਈ ਪੋਲਿੰਗ

ਬੂਥਾਂ ’ਤੇ ਵੀਲ੍ਹ ਚੇਅਰਾਂ, ਰੈਂਪ, ਵਲੰਟੀਅਰ ਸਮੇਤ ਪਿੱਕ ਐਂਡ ਡਰਾਪ ਦੀ ਸਹੂਲਤ ਦਾ ਇੰਤਜ਼ਾਮ ਵੀ ਕੀਤਾ ਗਿਆ ਏ ।

---------------------------------------------------------

ਨੀਤੀ ਆਯੋਗ ਦੇ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਤੇ ਬਲਾਕਾਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਸੰਪੂਰਨਤਾ ਅਭਿਆਨ ਚਲਾਇਆ ਜਾ ਰਿਹਾ ਏ । ਮੋਗਾ ਜ਼ਿਲੇ ਦੇ ਨਿਹਾਲ ਸਿੰਘ ਵਾਲਾ ਵਿਖੇ ਸੰਪੂਰਨਤਾ ਅਭਿਆਨ ਦੀ ਸ਼ੁਰੂਆਤ ਕਲ ਕੀਤੀ ਗਈ ।

*ਹੋਰ ਵੇਰਵੇ ਨਾਲ ਇਹ ਰਿਪੋਰਟ: ਡਿਸਪੈਚ: ਨੀਤੀ ਆਯੋਗ ਵੱਲੋਂ ਤੈਅ ਵਿਕਾਸ ਦੇ 6 ਪਹਿਲੂਆਂ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਆਦਿ ਦੇ ਟੀਚਿਆਂ ਨੂੰ ਪੂਰਾ ਕਰਨਾ ਸੰਪੂਰਨਤਾ ਅਭਿਆਨ ਦਾ ਮੰਤਵ ਏ । ਨਿਹਾਲ ਸਿੰਘ ਵਾਲਾ ਵਿਖੇ ਸਕੂਲੀ ਵਿਦਿਆਰਥੀਆਂ ਦੀ ਪ੍ਰਭਾਤ ਫੇਰੀ ਅਤੇ ਨੁੱਕੜ ਨਾਟਕ ਤੋਂ ਇਲਾਵਾ ਸਮਾਜਿਕ ਸੁਰੱਖਿਆ ਅਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ ਮੋਗਾ ਵੱਲੋਂ ਪੌਸ਼ਟਿਕ ਤੇ ਪੂਰਨ*

*ਆਹਾਰ ਦੇ ਸਰੋਤਾਂ ਪ੍ਰਤੀ ਜਾਗਰੂਕਤਾ ਕਰਦੀਆਂ ਪ੍ਰਦਰਸ਼ਨੀਆਂ ਲਗਾਈਆਂ ਗਈਆਂ । ਨਾਇਬ ਤਹਿਸੀਲਦਾਰ ਗੁਰਪ੍ਰੀਤ ਕੌਰ ਨੇ ਟੀਚੇ ਹਾਸਲ ਕਰਨ ਦੀ ਆਸ ਪ੍ਰਗਟਾਈ ।*

*ਬਾਈਟ: ਗੁਰਪ੍ਰੀਤ ਕੌਰ ਨਾਇਬ ਤਹਿਸੀਲਦਾਰ*

*ਸੰਪੂਰਨਤਾ ਅਭਿਆਨ ਦੇ ਸਿੱਖਿਆ ਪਹਿਲੂ ਬਾਰੇ ਗੱਲ ਕਰਦਿਆਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦੇਵੀ ਪ੍ਰਸ਼ਾਦ ਨੇ ਦੱਸਿਆ ।*

*ਬਾਈਟ : ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦੇਵੀ ਪ੍ਰਸ਼ਾਦ*

*ਬਲਾਕ ਅਤੇ ਪੰਚਾਇਤ ਅਫਸਰ ਗੁਰਮੀਤ ਸਿੰਘ ਕਾਹਲੋਂ ਅਨੁਸਾਰ 6 ਇੰਡੀਕੇਟਰਾਂ ਵਿਚ ਕਿਸੇ ਕਿਸਮ ਦੀ ਰਹਿ ਗਈ ਕਮੀ ਨੂੰ ਸੰਪੂਰਨਤਾ ਅਭਿਆਨ ਤਹਿਤ ਦੂਰ ਕੀਤਾ ਜਾਵੇਗਾ ।*

*ਬਾਈਟ:ਗੁਰਮੀਤ ਸਿੰਘ ਕਾਹਲੋਂ (ਬਲਾਕ ਅਤੇ ਪੰਚਾਇਤ ਅਫਸਰ ਨਿਹਾਲ ਸਿੰਘ ਵਾਲਾ)*

*ਸਿਹਤ ਮਹਿਕਮੇ ਨੇ ਆਮ ਲੋਕਾਂ ਨੂੰ ਸ਼ੂਗਰ ਅਤੇ ਬੀ ਪੀ ਬਾਰੇ ਜਾਗਰੂਕ ਕਰਨ ਦੇ ਨਾਲ ਨਾਲ ਹੈਲਥ ਚੈੱਕਅਪ ਕੈਂਪ ਵੀ ਲਗਾਇਆ । 30 ਸਤੰਬਰ ਤੱਕ ਚੱਲਣ ਵਾਲੇ ਸੰਪੂਰਨਤਾ ਅਭਿਆਨ ਨੂੰ ਅਸਰਦਾਰ ਢੰਗ ਨਾਲ ਨੇਪਰੇ ਚਾੜ੍ਹਨ ਵਿੱਚ ਸਮੂਹ ਵਿਭਾਗਾਂ ਨੂੰ*

***ਬਣਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ । ਊਸ਼ਾ ਕੌਰ ਜਸ਼ਨ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ***

-------------------------------------------------------------

ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿੱਚ ਕਿਸਾਨਾਂ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਸਬੰਧੀ ਕਾਫ਼ੀ ਉਤਸ਼ਾਹ ਦਿਖਾਇਆ ਗਿਆ ਏ । ਸੂਬਾ ਸਰਕਾਰ ਨੇ ਜ਼ਿਲੇ ਵਿਚ 45 ਹਜ਼ਾਰ ਏਕੜ ਰਕਬੇ ਤੇ ਸਿੱਧੀ ਬਿਜਾਈ ਕਰਨ ਦਾ ਟੀਚਾ ਰੱਖਿਆ ਏ ਜਦਕਿ ਕਿਸਾਨਾਂ ਵੱਲੋ, ਹੁਣ ਤੱਕ ਕੋਈ 65 ਹਜ਼ਾਰ ਏਕੜ ਰਕਬੇ ਤੇ ਬਿਜਾਈ ਕਰਨ ਉਪਰੰਤ ਸਰਕਾਰ ਵੱਲੋ ਪ੍ਰੋਤਸਾਹਨ ਰਕਮ ਜਾਰੀ ਕਰਨ ਲਈ ਤਿਆਰ ਪੋਰਟਲ 'ਤੇ ਰਕਬਾ ਰਜਿਸ਼ਟਰ ਕੀਤਾ ਜਾ ਚੁੱਕਾ ਏ । ਮੁੱਖ ਖੇਤੀਬਾੜੀ ਅਫ਼ਸਰ ਗੁਰਨਾਮ ਸਿੰਘ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਵਿੱਚ ਇਹ ਜ਼ਿਲਜ਼ ਸੂਬੇ ਦੇ ਸਾਰੇ ਜਿਲਿਆਂ ਤੋ ਮੋਹਰੀ ਏ । ਉਨਾਂ ਕਿਹਾ ਕਿ ਸਿੱਧੀ ਬਿਜਾਈ ਵਾਲੇ ਰਕਬੇ ਦੀ ਤਸਦੀਕ ਲਈ ਖੇਤੀਬਾੜੀ ਤੇ ਕਿਸਾਨ ਭਲਾਈ, ਬਾਗਬਾਨੀ, ਭੂਮੀ ਰੱਖਿਆ ਵਿਭਾਗ ਅਤੇ ਪੰਜਾਬ ਮੰਡੀ ਬੋਰਡ ਦੇ 87 ਤਸਦੀਕ ਅਫਸਰ ਤੇ 4 ਇੰਚਾਰਜ਼ ਅਫਸਰ ਨਿਯੁਕਤ ਕੀਤੇ

ਗਏ ਨੇ। ਇਨ੍ਹਾਂ ਵੱਲੋ ਸਿੱਧੀ ਬਿਜਾਈ ਵਾਲੇ ਰਕਬੇ ਦੀ ਤਸਦੀਕ ਮੌਕੇ ਤੇ ਖੇਤਾਂ ਵਿੱਚ ਜਾ ਕੇ ਕੀਤੀ ਜਾ ਰਹੀ ਏ।

----------------------------------------------------------

ਪੰਜਾਬ ਵਿੱਚ ਹਾਲ ਦੀ ਘੜੀ ਮਾਨਸੂਨ ਦੀ ਰਫ਼ਤਾਰ ਮੱਠੀ ਬਣੀ ਹੋਈ ਏ। ਮੌਸਮ ਵਿਭਾਗ ਅਨੁਸਾਰ ਆਉਣ ਵਾਲੇ ਕੁਝ ਦਿਨਾਂ ਵਿੱਚ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਏ। ਮੀਂਹ ਨਾ ਪੈਣ ਨਾਲ ,ਵਾਯੂਮੰਡਲ ਵਿਚ ਨਮੀ ਵਧਣ ਕਾਰਨ ਲੋਕਾਂ ਨੂੰ ਹੁੰਮਸ ਦਾ ਸਾਹਮਣਾ ਕਰਨਾ ਪੈ ਰਿਹਾ ਏ ਮੌਸਮ ਵਿਭਾਗ ਦੇ ਅੰਕੜਿਆਂ ਮੁਤਾਬਿਕ , ਸੂਬੇ ਦੇ ਤਾਪਮਾਨ ਵਿੱਚ ਪਿਛਲੇ 24 ਘੰਟਿਆਂ ਦੌਰਾਨ,0.4 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ।

----------------------------------------------------------

## **ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ, ਕਿ ਸਰਕਾਰ ਦਾ ਟੀਚਾ ਆਪਣੇ ਤੀਜੇ ਕਾਰਜਕਾਲ ਵਿੱਚ ਭਾਰਤ ਨੂੰ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਾਉਣਾ ਏ।

- ਜਸਟਿਸ ਸ਼ੀਲ ਨਾਗੂ ਨੇ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ।
- ਜਲੰਧਰ ਪੱਛਮੀ ਰਾਖਵੇਂ ਹਲਕੇ ਦੀ ਜ਼ਿਮਨੀ ਚੋਣ ਲਈ, ਭਲਕੇ ਹੋਣ ਵਾਲੀ ਪੋਲਿੰਗ ਦੀਆਂ ਸਾਰੀਆਂ ਤਿਆਰੀਆਂ ਮੁੱਕਮਲ।
- ਸ਼੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਕਿਸਾਨ, ਝੋਨੇ ਦੀ ਸਿੱਧੀ ਬਿਜਾਈ ਕਰਨ ਵਿਚ ਸੂਬੇ ਭਰ ਵਿਚ ਮੋਹਰੀ।